ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

13:10 Pm

ਮਿਤੀ: 10-08-2024

ਕੇਂਦਰੀ ਮੰਤਰੀ ਮੰਡਲ ਨੇ, ਪ੍ਰਧਾਨ ਮੰਤਰੀ ਸ਼ਹਿਰੀ ਆਵਾਸ ਯੋਜਨਾ ਦੇ ਦੂਜੇ ਪੜਾਅ ਨੂੰ ਮਨਜ਼ੂਰੀ ਦੇ ਦਿੱਤੀ ਏ। ਮੰਤਰੀ ਮੰਡਲ ਨੇ ਵਿੱਤੀ ਸਾਲ 2024-25 ਤੋਂ 2028-29 ਦੌਰਾਨ, ਪ੍ਰਧਾਨ ਮੰਤਰੀ ਗ੍ਰਾਮੀਣ ਆਵਾਸ ਯੋਜਨਾ ਨੂੰ ਲਾਗੂ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਏ। ਕੱਲ ਹੋਈ ਮੰਤਰੀ ਮੰਡਲ ਦੀ ਮੀਟਿੰਗ ਤੋਂ ਬਾਅਦ, ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ, ਪੱਤਰਕਾਰਾਂ ਨੂੰ ਦੱਸਿਆ ਕਿ ਇਸ ਯੋਜਨਾ ਤਹਿਤ, ਤਿੰਨ ਕਰੋੜ ਨਵੇਂ ਘਰ ਬਣਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਸ਼ਹਿਰੀ ਖੇਤਰਾਂ ਵਿੱਚ ਕੰਮਕਾਜੀ ਔਰਤਾਂ ਲਈ ਹੋਸਟਲ ਬਣਾਉਣ ਦੀ ਵੀ ਵਿਵਸਥਾ ਏ।

---------------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ, ਸਮੂਹ

ਜ਼ਿਲ੍ਹਿਆਂ ਦੇ ਮਿਉਂਸੀਪਲ ਕਮਿਸ਼ਨਰਾਂ ਅਤੇ ਵਧੀਕ ਡਿਪਟੀ ਕਮਿਸ਼ਨਰਾਂ ਨੂੰ, ਸੂਬੇ ਅੰਦਰ ਚੱਲ ਰਹੇ ਸਮੁੱਚੇ ਪ੍ਰਗਤੀ ਅਧੀਨ ਵਿਕਾਸ ਕਾਰਜਾਂ ਨੂੰ ਮਿੱਥੇ ਸਮੇਂ ਸੀਮਾ ਅੰਦਰ ਮੁਕੰਮਲ ਕਰਨ ਲਈ ਕਿਹਾ ਏ । ਚੰਡੀਗੜ੍ਹ ਵਿਚ ਕੱਲ ਇਕ ਮੀਟਿੰਗ ਦੌਰਾਨ, ਉਨਾਂ ਕਿਹਾ ਕਿ ਸੂਬਾ ਸਰਕਾਰ ਸ਼ਹਿਰ ਵਾਸੀਆਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕਾਰਜ ਕਰ ਰਹੀ ਏ । ਉਨਾਂ ਅਧਿਕਾਰੀਆਂ ਪਾਸੋਂ ਵੱਖ-ਵੱਖ ਯੋਜਨਾਵਾਂ ਜਿਵੇਂ ਕਿ 15ਵੇਂ ਵਿੱਤ ਕਮਿਸ਼ਨ ਦੀ ਅਣਵਰਤੀ ਰਕਮ, ਕੇਂਦਰ ਸਰਕਾਰ ਵੱਲੋਂ ਪ੍ਰਾਯੋਜਿਤ ਯੋਜਨਾਵਾਂ ਦੀ ਅਣਵਰਤੀ ਰਕਮ ਤੇ ਐਸ.ਐਨ.ਏ. ਖਾਤੇ ਵਿੱਚ ਬਕਾਇਆ ਫੰਡਾਂ ਬਾਰੇ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨੂੰ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਗੁਣਵਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਇਆ ਜਾਵੇ । ਉਨਾਂ ਅਧਿਕਾਰੀਆਂ ਨਾਲ 16 ਸ਼ਹਿਰੀ ਸਥਾਨਕ ਇਕਾਈਆਂ ਵਿੱਚ ਸੀਵਰੇਜ਼ ਟਰੀਟਮੈਂਟ ਪਲਾਂਟਾਂ ਲਈ, ਥਾਂ ਤੇ 49 ਸ਼ਹਿਰੀ ਸਥਾਨਕ ਇਕਾਈਆਂ ਵਿੱਚ ਜਲ ਸੋਧਕ ਪਲਾਂਟ ਲਈ ਥਾਂ ਦੀ ਉਪਲੱਬਧਤਾ ਬਾਰੇ ਵਿਸਥਾਰ 'ਚ ਚਰਚਾ ਕੀਤੀ।

----------------------------------------------------

ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਤਹਿਤ, ਪੱਤਰ ਸੂਚਨਾ ਬਿਊਰੋ ਚੰਡੀਗੜ੍ਹ ਅਤੇ ਜਲੰਧਰ ਨੇ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਪਟਿਆਲਾ ਵਿਖੇ, ਕਲ ਇਕ ਮੀਡੀਆ ਵਰਕਸ਼ਾਪ 'ਵਾਰਤਾਲਾਪ'ਦਾ ਆਯੋਜਨ ਕੀਤਾ। ਇਸ ਵਿਚ ਤਿੰਨ ਨਵੇਂ ਅਪਰਾਧਿਕ ਕਾਨੂੰਨਾਂ ਅਤੇ ਪੱਤਰਕਾਰੀ ਦੇ ਨੈਤਿਕ ਸਿਧਾਂਤ ਵਿਸ਼ੇ 'ਤੇ ਬੁਲਾਰਿਆਂ ਨੇ ਆਪਣੇ ਵਿਚਾਰ ਰੱਖੇ। ਕੇਂਦਰੀ ਸੰਚਾਰ ਬਿਊਰੋ ਚੰਡੀਗੜ੍ਹ ਦੀ ਟੀਮ ਨੇ, ਤਿੰਨ ਨਵੇਂ ਅਪਰਾਧਿਕ ਕਾਨੂੰਨਾਂ ਸਬੰਧੀ ਫ਼ੋਟੋ ਪ੍ਰਦਰਸ਼ਨੀ ਵੀ ਲਗਾਈ, ਜਿਸ ਰਾਹੀਂ ਯੂਨੀਵਰਸਿਟੀ ਦੇ ਵਿਦਿਆਰਥੀਆਂ ਅਤੇ ਪੱਤਰਕਾਰਾਂ ਨੇ, ਇਨ੍ਹਾਂ ਕਾਨੂੰਨਾਂ ਬਾਰੇ ਜਾਣਕਾਰੀ ਹਾਸਲ ਕੀਤੀ।

---------------------------------------------------------

ਪੈਰਿਸ ਓਲੰਪਿਕ ਖੇਡਾਂ ਵਿੱਚ ਭਾਰਤ ਦੀ ਤਮਗਾ ਸੂਚੀ ਵਿੱਚ, ਕਲ ਰਾਤ 6ਵਾਂ ਤਮਗਾ ਜੁੜ ਗਿਆ ਜਦੋਂ ਅਮਨ ਸਹਿਰਾਵਤ ਨੇ ਮਰਦਾਂ ਦੀ ਫ੍ਰੀ ਸਟਾਈਲ ਕੁਸ਼ਤੀ ਦੇ 57 ਕਿਲੋਗ੍ਰਾਮ ਭਾਰ ਵਰਗ ਵਿੱਚ, ਪੋਰਟੋ ਰੀਕੋ ਦੇ ਡੇਰੀਅਨ ਕਰੂਜ਼ ਨੂੰ,13-5 ਨਾਲ ਹਰਾ ਕੇ ਕਾਂਸੀ ਦਾ ਤਗ਼ਮਾ ਜਿੱਤਿਆ। ਪੈਰਿਸ ਓਲੰਪਿਕ ਖੇਡਾਂ ਵਿੱਚ ਅਮਨ ਭਾਰਤ ਦਾ ਇਕਲੌਤਾ ਮਰਦ ਪਹਿਲਵਾਨ ਸੀ। ਬੀਜਿੰਗ ਓਲੰਪਿਕ ਖੇਡਾਂ ਤੋਂ ਲੈ ਕੇ ਹੁਣ ਤੱਕ ਭਾਰਤ ਨੇ

ਕੁਸ਼ਤੀ ਵਿੱਚ ਨਿਸ਼ਚਿਤ ਤੌਰ 'ਤੇ ਕੋਈ ਨਾ ਕੋਈ ਓਲੰਪਿਕ ਤਗਮਾ ਜਿੱਤਿਆ ਏ। ਅਮਨ ਭਾਰਤ ਲਈ ਨਿਜੀ ਮੁਕਾਬਲਿਆਂ ਵਿੱਚ ਓਲੰਪਿਕ ਤਗਮਾ ਜਿੱਤਣ ਵਾਲਾ ਸਭ ਤੋਂ ਘੱਟ ਉਮਰ ਦਾ ਖਿਡਾਰੀ ਏ। ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਅਮਨ ਨੇ ਕਿਹਾ।